3-Jan-Ropar.qxd 1/3/2022 11:34 PM Page 3

ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ



ਰੇਡੀਓ

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ 4 ਜਨਵਰੀ ਨੂੰ ਸ਼ਾਮ 4.30 ਤੋਂ 5.30 ਵਜੇ ਤੱਕ **ਭਾਈ ਰਵਿੰਦਰ ਸਿੰਘ** ਤੇ 5 ਜਨਵਰੀ ਨੂੰ ਸਵੇਰੇ 4:00 ਤੋਂ 6:00 ਵਜੇ ਤੱਕ **ਭਾਈ ਰਵਿੰਦਰ ਸਿੰਘ** 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ.ਟੀ.ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ 4 ਜਨਵਰੀ ਨੂੰ ਸ਼ਾਮ 4:30 ਤੋਂ 6:30 ਵਜੇ ਤੱਕ **ਭਾਈ ਰਵਿੰਦਰ ਸਿੰਘ** ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' **ਭਾਈ ਨਰਿੰਦਰ ਸਿੰਘ** ਅਤੇ 5 ਜਨਵਰੀ ਨੂੰ ਸਵੇਰੇ 4:00 ਵਜੇ ਤੋਂ 7:45 ਵਜੇ ਤੱਕ **ਭਾਈ ਰਵਿੰਦਰ ਸਿੰਘ** ਤੇ **ਭਾਈ ਗੁਰਪ੍ਰੀਤ ਸਿੰਘ** ਕੀਰਤਨ ਕਰਨਗੇ।

ਮੁੱਖ ਵਾਕ ਦੀ ਕਥਾ : 4 ਜਨਵਰੀ ਨੂੰ ਗਿਆਨੀ ਸਤਨਾਮ ਸਿੰਘ ਖਡੂਰ ਸਾਹਿਬ ਤੇ 5 ਜਨਵਰੀ ਨੂੰ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਗ੍ਰੰਥੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਸ੍ਰੀ ਮੰਜੀ ਸਾਹਿਬ ਦੀਵਾਨ ਹਾਲ (ਸ੍ਰੀ ਹਰਿਮੰਦਰ ਸਾਹਿਬ) ਵਿਖੇ 7:45 ਵਜੇ ਤੋਂ 8:30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

ਮਹਿਲਾ ਤਾਲਮੇਲ ਸੰਘਰਸ਼ ਕਮੇਟੀ ਜ਼ਿਲ੍ਹਾ ਰੂਪਨਗਰ ਦੀ ਹੋਈ ਮੀਟਿੰਗ ਦਾ ਦ੍ਰਿਸ਼।

ਮਹਿਲਾ ਤਾਲਮੇਲ ਸੰਘਰਸ਼ ਕਮੇਟੀ ਜ਼ਿਲ੍ਹਾ ਰੋਪੜ ਦੀ ਮੀਟਿੰਗ

ਨੰਗਲ, 3 ਜਨਵਰੀ (ਪ੍ਰੀਤਮ ਸਿੰਘ ਬਰਾਰੀ)-ਮਹਿਲਾ ਤਾਲਮੇਲ ਸੰਘਰਸ਼ ਕਮੇਟੀ ਦੀ ਮੀਟਿੰਗ ਪ੍ਰਧਾਨ ਪੂਨਮ ਸ਼ਰਮਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਪੂਨਮ ਸ਼ਰਮਾ ਤੇ ਆਸਾ ਜੋਸ਼ੀ ਆਦਿ ਨੇ ਕਿਹਾ ਕਿ ਬੀ. ਬੀ. ਐਮ. ਬੀ. ਵਿਭਾਗ 'ਚ ਫ਼ੀਲਡ ਵਰਕਰਾਂ ਦੇ ਮੰਗਾਂ ਮਸਲਿਆਂ ਦਾ ਹੱਲ ਸਮੇਂ ਪਰ ਨਹੀਂ ਕੀਤਾ ਜਾਂਦਾ ਤੇ ਨੇ ਹੀ ਵਿਭਾਗ 'ਚੋਂ ਸੇਵਾ ਮੁਕਤ ਵਰਕਰਾਂ ਨੂੰ ਸਮੇਂ ਸਿਰ ਪੈਨਸ਼ਨ ਆਦਿ ਦੇ ਲਾਭ ਦਿੱਤੇ ਜਾ ਰਹੇ ਹਨ। ਜਿਸ ਤੋਂ ਪ੍ਰੇਸ਼ਾਨ ਹੋ ਕੇ ਵਿਭਾਗ 'ਚ ਸੇਵਾ ਮੁਕਤ ਹੋਏ ਵਰਕਰ ਸਾਡੀ ਕਮੇਟੀ ਕੋਲ ਆ ਕੇ ਆਪਣੇ ਦੁਖੜੇ ਰੋਏ ਸੀ, ਉਨ੍ਹਾਂ ਦੇ ਦੁੱਖ ਦਰਦ ਨੂੰ ਸਮਝਦੇ ਹੋਏ ਸਾਡੀ ਕਮੇਟੀ ਵਲੋਂ 4 ਜਨਵਰੀ ਨੂੰ ਚੰਡੀਗੜ੍ਹ ਬੋਰਡ ਦਫ਼ਤਰ ਮੋਹਰੇ ਜਾ ਕੇ ਭੁੱਖ ਹੜਤਾਲ ਧਰਨਾ ਪ੍ਰਦਰਸ਼ਨ ਕਰਨ ਸੰਬੰਧੀ ਫ਼ੈਸਲਾ ਲਿਆ ਸੀ। ਸੰਬੰਧਿਤ ਦਫ਼ਤਰਾਂ ਨੂੰ ਉਸ ਸੰਬੰਧੀ ਜਾਣਕਾਰੀ ਪੱਤਰ ਵੀ ਭੇਜਿਆ ਗਿਆ ਸੀ, ਉਸ ਦੇ ਬਾਵਜੂਦ ਵੀ ਅਜੇ ਤੱਕ ਵੀ ਇਨ੍ਹਾਂ ਸੇਵਾ ਮੁਕਤ ਵਰਕਰਾਂ ਨੂੰ ਪੈਨਸ਼ਨ ਆਦਿ ਦੇ ਲਾਭ ਨਹੀਂ ਦਿੱਤੇ ਗਏ। ਇਨ੍ਹਾਂ ਸੇਵਾ-ਮੁਕਤ ਵਰਕਰਾਂ ਨੂੰ ਇਨ੍ਹਾਂ ਅਧਿਕਾਰੀਆਂ ਵਲੋਂ ਬਿਨਾ ਵਜ੍ਹਾ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ ਜੋ ਕੇ ਸਰਾਸਰ ਗ਼ਲਤ ਤੇ ਬੇਇਨਸਾਫ਼ੀ ਹੈ, ਇਨ੍ਹਾਂ ਨਾਲ ਹੋ ਰਹੀ ਧੱਕੇਸ਼ਾਹੀ ਨੂੰ ਸਾਡੀ ਕਮੇਟੀ ਕਿਸੇ ਵੀ ਸੂਰਤ ਵਿਚ ਬਰਦਾਸ਼ਤ ਨਹੀਂ ਕਰੇਗੀ। ਮਹਿਲਾ ਤਾਲਮੇਲ ਸੰਘਰਸ਼ ਕਮੇਟੀ ਨੇ ਸਰਬਸੰਮਤੀ ਨਾਲ ਇਹ ਫ਼ੈਸਲਾ ਲਿਆ ਕਿ 4 ਜਨਵਰੀ ਨੂੰ ਚੰਡੀਗੜ੍ਹ ਬੋਰਡ ਦਫ਼ਤਰ ਮੋਹਰੇ ਦਿੱਤਾ ਜਾਣ ਵਾਲਾ ਧਰਨਾ ਕੁਝ ਸਮੇਂ ਲਈ ਅੱਗੇ ਪਾ ਦਿੱਤਾ ਗਿਆ ਹੈ। ਜੇਕਰ ਸੇਵਾ-ਮੁਕਤ ਹੋਏ ਵਰਕਰਾਂ ਨੂੰ ਪੈਨਸ਼ਨ ਆਦਿ ਦੇ ਲਾਭ 10-12 ਦਿਨਾਂ ਵਿਚ ਪੈਨਸ਼ਨ ਆਦਿ ਦੇ ਲਾਭ ਨਹੀਂ ਦਿੱਤੇ ਗਏ ਤਾਂ ਸਾਡੀ ਮਹਿਲਾ ਤਾਲਮੇਲ ਸੰਘਰਸ਼ ਕਮੇਟੀ ਬੋਰਡ ਦਫ਼ਤਰ ਤੋਂ ਪਹਿਲਾਂ 18 ਜਨਵਰੀ ਨੂੰ ਨੰਗਲ ਚੀਫ਼ ਦਫ਼ਤਰ ਮੂਹਰੇ ਭੁੱਖ ਹੜਤਾਲ ਧਰਨਾ ਪ੍ਰਦਰਸ਼ਨ ਕਰਨ ਲਈ ਮਜਬੂਰ ਹੋਵੇਗੀ ਤੇ 25 ਨੂੰ ਚੰਡੀਗੜ੍ਹ ਬੋਰਡ ਦਫ਼ਤਰ ਮੋਹਰੇ ਭੁੱਖ ਹੜਤਾਲ ਧਰਨਾ ਪ੍ਰਦਰਸ਼ਨ ਆਦਿ ਕਰਨ ਲਈ ਮਜਬੂਰ ਹੋਵੇਗੀ। ਮੀਟਿੰਗ 'ਚ ਕਾਂਤਾ ਦੇਵੀ, ਮਨਜੀਤ ਕੌਰ, ਸੁਰਿੰਦਰ ਕੌਰ, ਚਰਨਜੀਤ ਕੌਰ, ਅਨੀਤਾ ਜੋਸ਼ੀ, ਸਵਰਨ ਕੌਰ, ਬਲਜੀਤ ਕੌਰ, ਮਮਤਾ, ਰਾਧਾ, ਸਕੁੰਤਲਾ ਆਦਿ ਹਾਜ਼ਰ ਸਨ।

ਸਮਾਗਮ ਮੌਕੇ ਪ੍ਰੋਗਰਾਮ ਪੇਸ਼ ਕਰਦਾ ਹੋਇਆ ਭੁਪਿੰਦਰ ਸਿੰਘ ਢਾਹਾਂ ਦਾ ਢਾਡੀ ਜਥਾ। ਤਸਵੀਰ : ਵਿੰਦਰ ਪਾਲ ਝਾਂਡੀਆਂ

ਪ੍ਰਕਾਸ਼ ਪੁਰਬ ਨੂੰ ਸਮਰਪਿਤ ਘੜੀਸਪੁਰ ਵਿਖੇ ਸਮਾਗਮ

ਨੂਰਪੁਰ ਬੇਦੀ, 3 ਜਨਵਰੀ (ਵਿੰਦਰ ਪਾਲ ਝਾਂਡੀਆਂ)-ਨੂਰਪੁਰ ਬੇਦੀ ਇਲਾਕੇ ਦੇ ਪਿੰਡ ਘੜੀਸਪੁਰ ਵਿਖੇ ਸਥਿਤ ਗੁਰਦੁਆਰਾ ਸਿੰਘ ਸਭਾ 'ਚ ਸਮੂਹ ਨਗਰ ਨਿਵਾਸੀ ਸੰਗਤਾਂ ਦੇ ਪੂਰਨ ਸਹਿਯੋਗ ਨਾਲ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਤਿੰਨ ਰੋਜ਼ਾ ਧਾਰਮਿਕ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸਭ ਤੋਂ ਪਹਿਲਾਂ ਆਰੰਭ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਪੰਥ ਪ੍ਰਸਿੱਧ ਇੰਟਰਨੈਸਨਲ ਢਾਡੀ ਜਥਾ ਭੁਪਿੰਦਰ ਸਿੰਘ ਢਾਹਾਂ ਨੇ ਜੁੜੀਆਂ ਸੰਗਤਾਂ ਨੂੰ ਗੁਰਮਤਿ ਵਿਚਾਰਾਂ ਨਾਲ ਗੁਰਇਤਿਹਾਸ ਨਾਲ ਜੋੜਿਆ ਤੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਗੁਰੂ ਸਾਹਿਬ ਦੇ ਦਰਸਾਏ ਹੋਏ ਮਾਰਗ 'ਤੇ ਚੱਲ ਕੇ ਆਪਣਾ ਜੀਵਨ ਸਫਲ ਕਰਨਾ ਚਾਹੀਦਾ ਹੈ। ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਸਮੂਹ ਪਿੰਡ ਵਾਸੀ ਸੰਗਤਾਂ ਹਾਜ਼ਰ ਸਨ।

ਖ਼ਾਲਸਾ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਮੋਰਿੰਡਾ ਵਿਖੇ ਵਿਦਿਆਰਥੀਆਂ ਨੂੰ ਕੋਟੀਆਂ ਵੰਡਣ ਉਪਰੰਤ ਸਕੂਲ ਸਟਾਫ਼ ਤੇ ਪ੍ਰੀਸ਼ਦ ਮੈਂਬਰ।

ਭਾਰਤ ਵਿਕਾਸ ਪ੍ਰੀਸ਼ਦ ਮੋਰਿੰਡਾ ਵਲੋਂ ਵਿਦਿਆਰਥੀਆਂ ਨੂੰ ਵੰਡੀਆਂ ਕੋਟੀਆਂ

ਮੋਰਿੰਡਾ, 3 ਜਨਵਰੀ (ਕੰਗ)-ਭਾਰਤ ਵਿਕਾਸ ਪ੍ਰੀਸ਼ਦ ਮੋਰਿੰਡਾ ਵਲੋਂ ਖ਼ਾਲਸਾ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਮੋਰਿੰਡਾ ਵਿਖੇ ਲੋੜਵੰਦ ਵਿਦਿਆਰਥੀਆਂ ਨੂੰ ਕੋਟੀਆਂ ਵੰਡੀਆਂ ਗਈਆਂ। ਇਸ ਸੰਬੰਧੀ ਜੇ. ਈ. ਤਿਲਕ ਰਾਜ ਨੇ ਦੱਸਿਆ ਕਿ ਭਾਰਤ ਵਿਕਾਸ ਪ੍ਰੀਸ਼ਦ ਮੋਰਿੰਡਾ ਵਲੋਂ ਸਰਦੀਆਂ ਨੂੰ ਮੁੱਖ ਰੱਖਦਿਆਂ ਲਗਪਗ 35 ਵਿਦਿਆਰਥੀਆਂ ਨੂੰ ਕੋਟੀਆਂ ਵੰਡੀਆਂ ਗਈਆਂ। ਇਸ ਮੌਕੇ ਪ੍ਰਿੰਸੀਪਲ ਮਨਜੀਤ ਕੌਰ, ਪ੍ਰਧਾਨ ਸੁਰੇਸ਼ ਡੋਰਾ, ਮਾ. ਹਾਕਮ ਸਿੰਘ, ਮਨਜੀਤ ਸਿੰਘ ਭਾਟੀਆ, ਮਾ. ਰਣਧੀਰ ਸਿੰਘ, ਡਾ. ਸ਼ਿਵ ਕੁਮਾਰ ਕੌੜਾ, ਧਨੀ ਰਾਮ ਗੁਪਤਾ, ਜੋਗਿੰਦਰ ਪਾਲ, ਹਰਵਿੰਦਰ ਸੂਦ, ਡਾ. ਅਸ਼ਵਨੀ ਭਨੋਟ, ਸੰਜੇ ਸਿੰਗਲਾ, ਸ਼ਲਿੰਦਰ ਸਿੰਘ, ਸੈਕਟਰੀ ਵਿਜੇ ਕੁਮਾਰ, ਗੁਰਪ੍ਰੀਤ ਕੌਰ, ਕੁਲਵਿੰਦਰ ਕੌਰ, ਮਨਿੰਦਰ ਕੌਰ, ਅਰੁਣਾ, ਬਲਜੀਤ ਕੌਰ ਆਦਿ ਮੌਜੂਦ ਸਨ।

ਮਹਿਲਾ ਮੰਡਲ ਹਿਰਦਾਪੁਰ ਨੂੰ ਚੈੱਕ ਭੇਟ ਕਰਨ ਮੌਕੇ ਸ੍ਰੀਮਤੀ ਸਿਮਰਤ ਕੌਰ ਢਿੱਲੋਂ। ਤਸਵੀਰ : ਅੰਮ੍ਰਿਤਪਾਲ ਸਿੰਘ ਬੰਟੀ

ਮਹਿਲਾ ਮੰਡਲ ਨੂੰ ਚੈੱਕ ਭੇਟ

ਪੁਰਖਾਲੀ, 3 ਜਨਵਰੀ (ਬੰਟੀ)- ਸ੍ਰੀਮਤੀ ਸਿਮਰਤ ਕੌਰ ਢਿੱਲੋਂ (ਮਾਤਾ ਬਰਿੰਦਰ ਸਿੰਘ ਢਿੱਲੋਂ ਪ੍ਰਧਾਨ ਪੰਜਾਬ ਯੂਥ ਕਾਂਗਰਸ) ਨੇ ਮਹਿਲਾ ਮੰਡਲ ਹਿਰਦਾਪੁਰ ਦੇ ਕਾਰਜਾਂ ਲਈ ਚੈੱਕ ਭੇਟ ਕੀਤਾ। ਇਸ ਮੌਕੇ ਰਵਿੰਦਰ ਕੌਰ ਜੱਗੀ ਸਾਬਕਾ ਐਮ. ਸੀ., ਕਰਨਬੀਰ ਸਿੰਘ ਰੰਧਾਵਾ ਯੂਥ ਕਾਂਗਰਸ, ਪ੍ਰਧਾਨ ਮਹਿਲਾ ਮੰਡਲ ਪਰਮਜੀਤ ਕੌਰ, ਗੁਰਮੀਤ ਕੌਰ, ਕੁਲਵਿੰਦਰ ਕੌਰ, ਬਲਜਿੰਦਰ ਕੌਰ, ਮਨਜੀਤ ਕੌਰ, ਬਲਜਿੰਦਰ ਕੌਰ, ਬਲਬੀਰ ਕੌਰ, ਭੁਪਿੰਦਰ ਕੌਰ, ਲੰਬੜਦਾਰ ਹਰਪ੍ਰੀਤ ਸਿੰਘ, ਸਰਪੰਚ ਮਨਦੀਪ ਕੌਰ, ਸਾਬਕਾ ਸਰਪੰਚ ਹਰਨੇਕ ਸਿੰਘ, ਕਾਨੇਸਰ ਸਿੰਘ ਪੰਚ, ਸਵਰਨ ਸਿੰਘ ਪੰਚ, ਮਨਜੀਤ ਸਿੰਘ ਪੰਚ, ਗੁਰਮੀਤ ਸਿੰਘ ਪੰਚ, ਗੁਰਬਚਨ ਸਿੰਘ, ਸੋਹਣ ਸਿੰਘ, ਰਾਜਿੰਦਰ ਸਿੰਘ, ਦੀਪਕ ਕੁਮਾਰ, ਮੇਜਰ ਸਿੰਘ ਆਦਿ ਸਨ।

ਨਗਰ ਕੌਂਸਲ ਦੀ ਮੀਟਿੰਗ 'ਚ...

(ਸਫਾ 6 ਦੀ ਬਾਕੀ)

ਸਟੈਂਡ ਲੈਂਦਿਆਂ ਸੀਨੀਅਰ ਮੀਤ ਪ੍ਰਧਾਨ ਵਿਰੁੱਧ ਮੀਟਿੰਗ ਦਾ ਮਾਹੌਲ ਖ਼ਰਾਬ ਕਰਨ ਦੇ ਦੋਸ਼ ਲਾਏ ਤੇ ਕਿਹਾ ਕਿ ਪ੍ਰਧਾਨ ਦੀ ਸ਼ਹਿ 'ਤੇ ਰਜੇਸ਼ ਕੁਮਾਰ ਅਜਿਹੀਆਂ ਹਰਕਤਾਂ ਕਰਦਾ ਹੈ ਜਿਸ ਨੂੰ ਝਮਲਾਇਆ ਗਿਆ ਹੈ ਪਰ ਰਜੇਸ਼ ਕੁਮਾਰ ਨੇ ਕਿਹਾ ਕਿ ਉਸ ਨੇ ਲੋਕਾਂ ਦੇ ਕੰਮਾਂ ਨੂੰ ਜਾਣਬੁੱਝ ਕੇ ਲਟਕਾਉਣ ਤੇ ਅਫ਼ਸਰਾਂ ਨਾਲ ਮਿਲੀਭੁਗਤ ਵਿਰੁੱਧ ਸਟੈਂਡ ਲਿਆ ਹੈ। ਉਨ੍ਹਾਂ ਉਲਟਾ ਕਿਹਾ ਕਿ ਜਿਹੜੇ ਇਸ ਮਿਲੀਭੁਗਤ ਨੂੰ ਸ਼ਹਿ ਦਿੰਦੇ ਹਨ ਉਨ੍ਹਾਂ ਦੇ ਹੀ ਮਿਰਚਾਂ ਲੱਗਦੀਆਂ ਹਨ। ਇਸ ਤੋਂ ਪਹਿਲਾਂ ਅੱਜ ਦੀ ਮੀਟਿੰਗ ਦੇ ਆਰੰਭ 'ਚ ਸਾਬਕਾ ਪ੍ਰਧਾਨ ਅਮਰਜੀਤ ਸਿੰਘ ਸਤਿਆਲ ਦੀ ਸਿਹਤਯਾਬੀ ਦੀ ਅਰਦਾਸ ਕੀਤੀ ਗਈ ਜੋ ਬਿਮਾਰੀ ਕਾਰਨ ਗੰਭੀਰ ਹਾਲਤ 'ਚੋਂ ਗੁਜਰ ਰਹੇ ਹਨ। ਮੀਟਿੰਗ 'ਚ ਨਗਰ ਕੌਂਸਲ ਦੀਆਂ 38 ਦੁਕਾਨਾਂ ਆਦਿ ਜਾਇਦਾਦਾਂ ਨੂੰ ਕਬਜ਼ੇ ਦੇ ਆਧਾਰ 'ਤੇ ਬਣਾਈ ਪਾਲਿਸੀ 'ਚ ਖ਼ਾਮੀਆਂ ਤੇ ਸਪੱਸ਼ਟ ਨਾ ਹੋਣ ਕਾਰਨ ਇਸ ਮਤੇ 'ਤੇ ਇਤਰਾਜ਼ ਕਰਦਿਆਂ ਪਾਸ ਨਾ ਕੀਤਾ ਜਦ ਕਿ 82 ਨੰਬਰ ਮਦ ਜਿਸ 'ਚ ਸੀਵਰੇਜ ਗਾਰਬੇਜ਼ ਬਕਟ ਮਸ਼ੀਨ ਦੀ ਰਿਪੇਅਰ ਲਈ ਲੋੜੀਂਦੀ 30 ਹਜ਼ਾਰ ਰਕਮ ਦਾ ਮਤਾ ਵੀ ਰੱਦ ਕਰ ਦਿੱਤਾ ਤੇ ਇਤਰਾਜ਼ ਕੀਤਾ ਕਿ ਜਦੋਂ ਨਵੀਂ ਮਸ਼ੀਨ ਦੀ ਗਰੰਟੀ ਸੀ ਉਦੋਂ ਇਸ ਦੀ ਮੁਰੰਮਤ ਕਿਉਂ ਨਹੀਂ ਕਰਾਈ ਗਈ ਪਰ ਜਦੋਂ ਹੁਣ ਗਰੰਟੀ ਲੰਘ ਗਈ ਤਾਂ ਫੇਰ ਕੌਂਸਲ ਦਾ ਖਰਚਾ ਕਿਉਂ ਕੀਤਾ ਜਾਵੇ। ਇਹ ਮਸ਼ੀਨ ਲੰਬੇ ਸਮੇਂ ਤੋਂ ਖ਼ਰਾਬ ਖੜ੍ਹੀ ਹੈ ਜਦ ਕਿ ਸ਼ਹਿਰ 'ਚ ਸੀਵਰੇਜ ਮੇਨਹੋਲ ਸਾਫ਼ ਕਰਨ ਲਈ ਇਸ ਦੀ ਜ਼ਰੂਰਤ ਵੀ ਬਹੁਤ ਅਹਿਮ ਹੈ। ਇਸ ਤੋਂ ਇਲਾਵਾ ਟਿਊਬਵੈੱਲ ਤੇ ਡਿਸਪੋਜ਼ਲ ਪਲਾਂਟ ਦੀ ਮੁਰੰਮਤ ਲਈ ਤਿਆਰ ਖ਼ਰਚ ਦੇ ਤਖਮੀਨਿਆਂ ਨੂੰ ਪ੍ਰਵਾਨਗੀ ਦਿੱਤੀ ਗਈ। ਨਗਰ ਕੌਂਸਲ ਦੀ ਨਵੰਬਰ 2021 ਮਹੀਨੇ ਦੀ ਆਮਦਨ ਤੇ ਖ਼ਰਚੇ ਦਾ ਮਤਾ ਵੀ ਪ੍ਰਵਾਨ ਕੀਤਾ ਗਿਆ। ਮੀਟਿੰਗ 'ਚ ਕੌਂਸਲਰ ਪੂਨਮ ਕੱਕੜ, ਸਰਬਜੀਤ ਸਿੰਘ, ਅਮਰਜੀਤ ਸਿੰਘ ਜੌਲੀ ਜਗਵਿੰਦਰ ਕੌਰ, ਮੋਹਿਤ ਸ਼ਰਮਾ, ਜਸਪਿੰਦਰ ਕੌਰ ਪਿੰਕਾ, ਚਰਨਜੀਤ ਸਿੰਘ ਚੰਨੀ, ਅਸ਼ੋਕ ਵਾਹੀ ਆਦਿ ਹਾਜ਼ਰ ਸਨ।

ਅਕਾਲੀ ਦਲ ਨੇ ਕਮਲਜੀਤ ਸਿੰਘ ਬੈਦਵਾਣ ਨੂੰ ਜ਼ਿਲ੍ਹਾ ਮੁਹਾਲੀ ਦਾ ਸਕੱਤਰ ਜਰਨਲ ਥਾਪਿਆ

ਐੱਸ. ਏ. ਐੱਸ. ਨਗਰ, 3 ਜਨਵਰੀ (ਕੇ. ਐੱਸ. ਰਾਣਾ)-ਸ਼੍ਰੋਮਣੀ ਅਕਾਲੀ ਦਲ ਵਲੋਂ ਕਮਲਜੀਤ ਸਿੰਘ ਬੈਦਵਾਣ (ਕੰਮਾ ਬੜੀ) ਨੂੰ ਅਕਾਲੀ ਦਲ ਜ਼ਿਲ੍ਹਾ ਮੁਹਾਲੀ ਦਾ ਸਕੱਤਰ ਜਰਨਲ ਲਗਾਇਆ ਗਿਆ ਹੈ। ਇਸ ਮੌਕੇ ਪਾਰਟੀ ਦੇ ਸੀਨੀਅਰ ਮੀਤ ਪ੍ਰਧਾਨ ਤੇ ਹਲਕਾ ਸ੍ਰੀ ਅਨੰਦਪੁਰ ਸਾਹਿਬ ਦੇ ਸਾਬਕਾ ਸੰਸਦ ਮੈਂਬਰ ਪ੍ਰੇਮ ਸਿੰਘ ਚੰਦੂਮਾਜਰਾ ਨੇ ਕਿਹਾ ਕਿ ਕੰਮਾ ਬੜੀ ਪਿਛਲੇ ਕਈ ਦਹਾਕਿਆਂ ਤੋਂ ਪਾਰਟੀ ਲਈ ਲਗਾਤਾਰ ਕੰਮ ਕਰਦਾ ਆ ਰਿਹਾ ਹੈ ਤੇ ਉਸ ਨੂੰ ਇਹ ਅਹਿਮ ਅਹੁਦਾ ਮਿਲਣ ਨਾਲ ਪਾਰਟੀ ਹੋਰ ਵੀ ਮਜ਼ਬੂਤ ਹੋਵੇਗੀ। ਇਸ ਮੌਕੇ ਕਮਲਜੀਤ ਸਿੰਘ ਬੈਦਵਾਣ ਨੇ ਕਿਹਾ ਕਿ ਉਨ੍ਹਾਂ ਨੂੰ ਪਾਰਟੀ ਵਲੋਂ ਜੋ ਜ਼ਿੰਮੇਵਾਰੀ ਸੌਂਪੀ ਗਈ ਹੈ, ਉਸ ਨੂੰ ਉਹ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਦਿਹਾਤੀ ਪ੍ਰਧਾਨ ਚਰਨਜੀਤ ਸਿੰਘ ਕਾਲੇਵਾਲ, ਸਿਮਰਨਜੀਤ ਸਿੰਘ ਚੰਦੂਮਾਜਰਾ, ਗੁਰਪ੍ਰਤਾਪ ਸਿੰਘ ਬੜੀ, ਪ੍ਰੀਤ ਰਾਠੌਰ, ਡਾ. ਸਿਮਰਨਜੋਤ ਸਿੰਘ, ਭੁਪਿੰਦਰ ਸਿੰਘ ਮਲਹੋਤਰਾ, ਅੰਮ੍ਰਿਤ ਸਿੰਘ, ਸਤਨਾਮ ਸਿੰਘ, ਗੁਰਮੀਤ ਸਿੰਘ ਤੇ ਹਰਮਨਪ੍ਰੀਤ ਸਿੰਘ ਵੀ ਮੌਜੂਦ ਸਨ।

ਜ਼ਿਲ੍ਹਾ ਮੁਹਾਲੀ 'ਚ ਇਕੋ ਦਿਨ ਕੋਰੋਨਾ ਦੇ 30 ਮਾਮਲੇ ਆਏ ਸਾਹਮਣੇ

ਐੱਸ. ਏ. ਐੱਸ. ਨਗਰ, 3 ਜਨਵਰੀ (ਕੇ. ਐੱਸ. ਰਾਣਾ)-ਪਿਛਲੇ ਕੁਝ ਦਿਨਾਂ ਤੋਂ ਕੋਰੋਨਾ ਦੇ ਮਰੀਜ਼ਾਂ ਦੀ ਨਿਰੰਤਰ ਵਧ ਰਹੀ ਗਿਣਤੀ ਦੇ ਚਲਦਿਆਂ ਬੇਸ਼ੱਕ ਪ੍ਰਸ਼ਾਸਨ ਵਲੋਂ ਲੋਕਾਂ ਨੂੰ ਮਾਸਕ ਪਹਿਨਣ ਤੇ ਸਮਾਜਿਕ ਦੂਰੀ ਬਣਾਈ ਰੱਖਣ ਲਈ ਕਿਹਾ ਜਾ ਰਿਹਾ ਹੈ, ਪਰ ਇਸ ਦੇ ਬਾਵਜੂਦ ਮਾਰਕੀਟਾਂ ਤੇ ਸਮਾਜਿਕ ਸਮਾਗਮਾਂ 'ਚ ਲੋਕਾਂ ਦੀ ਭੀੜ ਵੇਖਣ ਨੂੰ ਮਿਲ ਰਹੀ ਹੈ ਤੇ ਜ਼ਿਆਦਾਤਰ ਲੋਕ ਮਾਸਕ ਪਹਿਨਣ ਤੋਂ ਗੁਰੇਜ਼ ਕਰ ਰਹੇ ਹਨ। ਜਾਣਕਾਰੀ ਅਨੁਸਾਰ ਅੱਜ ਜ਼ਿਲ੍ਹਾ ਮੁਹਾਲੀ ਅੰਦਰ ਕੋਰੋਨਾ ਦੇ ਕੁੱਲ 30 ਮਰੀਜ਼ ਸਾਹਮਣੇ ਆਏ ਹਨ, ਜਿਨ੍ਹਾਂ 'ਚੋਂ ਮੁਹਾਲੀ ਤੇ ਇਸ ਦੇ ਆਸ-ਪਾਸ ਦੇ ਇਲਾਕੇ 'ਚੋਂ 12, ਢਕੌਲੀ ਤੇ ਇਸ ਦੇ ਆਸ-ਪਾਸ ਦੇ ਇਲਾਕੇ 'ਚੋਂ 7, ਡੇਰਾਬੱਸੀ ਤੇ ਇਸ ਦੇ ਆਸ-ਪਾਸ ਦੇ ਇਲਾਕੇ 'ਚੋਂ 4, ਖਰੜ ਤੇ ਇਸ ਦੇ ਆਸ-ਪਾਸ ਦੇ ਇਲਾਕੇ 'ਚੋਂ 3 ਅਤੇ ਬੂਥਗੜ੍ਹ ਤੇ ਇਸ ਦੇ ਆਸ-ਪਾਸ ਦੇ ਇਲਾਕੇ 'ਚੋਂ 4 ਮਰੀਜ਼ ਸਾਹਮਣੇ ਆਏ ਹਨ। ਇਸ ਤੋਂ ਇਲਾਵਾ 4 ਮਰੀਜ਼ ਕੋਰੋਨਾ ਮਹਾਂਮਾਰੀ ਨੂੰ ਮਾਤ ਦੇਣ 'ਚ ਸਫ਼ਲ ਰਹੇ ਹਨ। ਜ਼ਿਲ੍ਹੇ ਅੰਦਰ ਹੁਣ ਤੱਕ ਕੋਰੋਨਾ ਦੇ ਕੁੱਲ 69,274 ਮਰੀਜ਼ ਸਾਹਮਣੇ ਆ ਚੁੱਕੇ ਹਨ, ਜਿਨ੍ਹਾਂ 'ਚੋਂ 68,009 ਮਰੀਜ਼ ਸਿਹਤਯਾਬ ਹੋ ਚੁੱਕੇ ਹਨ, ਜਦਕਿ 190 ਮਰੀਜ਼ ਜ਼ੇਰੇ ਇਲਾਜ ਹਨ ਤੇ 1075 ਮਰੀਜ਼ਾਂ ਦੀ ਮੌਤ ਹੋ ਚੁੱਕੀ ਹੈ।

ਬੱਲਮਗੜ੍ਹ ਮੰਦਵਾੜਾ ਵਿਖੇ ਵੱਖ-ਵੱਖ ਵਿਕਾਸ ਕਾਰਜਾ